## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-01-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਵਿਚ 2 ਲੱਖ ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਤੇ ਨੀਂਹ ਪੱਥਰ ਰੱਖਣਗੇ। ਪ੍ਰਧਾਨ ਮੰਤਰੀ ਦਫ਼ਤਰ ਨੇ ਇਕ ਬਿਆਨ ਵਿਚ ਕਿਹਾ ਏ ਕਿ ਇਹ ਪ੍ਰਾਜੈਕਟ ਟਿਕਾਊ ਵਿਕਾਸ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਸਰਕਾਰ ਦੇ ਉਪਰਾਲੇ ਦਾ ਹਿੱਸਾ ਨੇ। ਪ੍ਰਧਾਨ ਮੰਤਰੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ ਕਿ ਉਹ ਹਰਿਤ ਊਰਜਾ, ਨਵਿਆਉਣਯੋਗ ਊਰਜਾ, ਬੁਨਿਆਦੀ ਢਾਂਚੇ ਅਤੇ ਹੋਰਾਂ ਨਾਲ ਸਬੰਧਤ ਵੱਡੇ ਕੰਮਾਂ ਦਾ ਉਦਘਾਟਨ ਕਰਨ ਲਈ ਵਿਸ਼ਾਖਾਪਟਨਮ ਦੇ ਲੋਕਾਂ ਵਿਚ ਹੋਣ ਦੀ ਉਡੀਕ ਕਰ ਰਹੇ ਨੇ। ਇਹ ਬਹੁਤ ਖੁਸ਼ੀ ਦੀ ਗੱਲ ਏ ਕਿ ਐਨਟੀਪੀਸੀ ਗ੍ਰੀਨ ਐਨਰਜੀ ਲਿਮਟਿਡ ਗ੍ਰੀਨ ਹਾਈਡ੍ਰੋਜਨ ਹੱਬ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਜਾਵੇਗਾ। ਇਹ ਨੈਸ਼ਨਲ ਗ੍ਰੀਨ

ਹਾਈਡ੍ਰੋਜਨ ਮਿਸ਼ਨ ਤਹਿਤ ਅਜਿਹਾ ਪਹਿਲਾ ਹੱਬ ਬਣ ਜਾਵੇਗਾ । ਪ੍ਰਧਾਨ ਮੰਤਰੀ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ ਚੰਦਰਬਾਬੂ ਨਾਇਡੂ ਅਤੇ ਉਪ ਮੁੱਖ ਮੰਤਰੀ ਪਵਨ ਕਲਿਆਣ ਨਾਲ ਰੇਲਵੇ ਜ਼ੋਨ ਦਾ ਨੀਂਹ ਪੱਥਰ ਵੀ ਰੱਖਣਗੇ । ਉਪਰੰਤ  ਪ੍ਰਧਾਨ ਮੰਤਰੀ ਓਡੀਸ਼ਾ ਲਈ ਰਵਾਨਾ ਹੋਣਗੇ ਜਿੱਥੇ ਵੀਰਵਾਰ ਨੂੰ ਉਹ 18ਵੇਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਦਾ ਉਦਘਾਟਨ ਕਰਨਗੇ ।

---

18ਵਾਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਅੱਜ ਸਵੇਰੇ ਓਡੀਸ਼ਾ ਦੇ ਭੁਵਨੇਸ਼ਵਰ ਵਿਚ ਸ਼ੁਰੂ ਹੋ ਗਿਆ ਏ । ਸੰਮੇਲਨ ਵਿਚ ਲਗਭਗ 75 ਦੇਸ਼ਾਂ ਦੇ 6,000 ਤੋਂ ਵੱਧ ਗੈਰ-ਨਿਵਾਸੀ ਭਾਰਤੀ (ਐਨ.ਆਰ.ਆਈ.) ਹਿੱਸਾ ਲੈ ਰਹੇ ਨੇ । ਅੱਜ ਵਿਦੇਸ਼ ਮੰਤਰੀ ਡਾ: ਐਸ ਜਯਸ਼ੰਕਾਰ, ਵਿਦੇਸ਼ ਰਾਜ ਮੰਤਰੀ ਪਰਭੀਤਾ ਮਾਰਗਰੀਟਾ, ਕੇਂਦਰੀ ਮੰਤਰੀ ਮਨਸੁਖ ਮੰਡਾਵੀਆ, ਰਕਸ਼ਾ ਨਿਖਿਲ ਖਡਸੇ ਤੇ ਓਡੀਸ਼ਾ ਦੇ ਮੁੱਖ ਮੰਤਰੀ ਮੋਹਨ ਚਰਨ ਮਾਝੀ  ਯੁਵਾ ਪ੍ਰਵਾਸੀ ਭਾਰਤੀ ਦਿਵਸ ਸਮੇਲਨ ਵਿਚ ਸ਼ਾਮਲ ਹੋਏ । ਸੰਮੇਲਨ ਵਿਸ਼ਵ ਭਾਰਤੀ ਭਾਈਚਾਰੇ ਦੇ ਨਾਲ-ਨਾਲ ਭਾਰਤ ਦੇ ਸਬੰਧਾਂ

ਨੂੰ ਜੋੜਨ ਦਾ ਇਕ ਮਹੱਤਵਪੂਰਨ ਮੌਕਾ ਏ। ਸਮੇਲਨ ਦਾ ਰਸਮੀ ਉਦਘਾਟਨ ਭਲਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਰਨਗੇ।

---------------------------------------------------------

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਕਿਹਾ ਏ ਕਿ ਅਗਲੇ ਕੁਝ ਮਹੀਨਿਆਂ ਵਿਚ ਖੇਤੀ ਵਰਤੋਂ ਲਈ 663 ਹੋਰ ਸੋਲਰ ਵਾਟਰ ਪੰਪ ਲਗਾਏ ਜਾਣਗੇ। ਪਿਛਲੇ ਮਹੀਨੇ ਤੋਂ 2,356 ਸੋਲਰ ਪੰਪਾਂ ਦੀ ਸਥਾਪਨਾ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਏ। ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਈਂਧਨ ਦੀ ਲਾਗਤ ਘਟੇਗੀ ਸਗੋਂ ਜ਼ੀਰੋ ਕਾਰਬਨ ਨਿਕਾਸੀ ਵੀ ਹੋਵੇਗੀ, ਜਿਸ ਨਾਲ ਵਧੇਰੇ ਟਿਕਾਊ ਖੇਤੀ ਅਭਿਆਸਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਮੰਤਰੀ ਨੇ ਐਲਾਨ ਕੀਤਾ ਏ ਕਿ ਸੋਲਰ ਪੰਪ ਲਗਾਉਣ ਲਈ ਜਨਰਲ ਕੈਟਾਗਰੀ ਦੇ ਕਿਸਾਨਾਂ ਲਈ 60% ਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ 80% ਸਬਸਿਡੀ ਉਪਲਬਧ ਏ। ਡਾਰਕ ਜ਼ੋਨਾਂ ਬਲਾਕ ਵਿੱਚ ਇਹ ਪੰਪ ਉਹਨਾਂ ਕਿਸਾਨਾਂ ਲਈ ਲਗਾਏ ਜਾਣਗੇ, ਜਿਨ੍ਹਾਂ ਕੋਲ ਪਹਿਲਾਂ ਹੀ ਮਾਈਕ੍ਰੋ ਸਿੰਚਾਈ ਪ੍ਰਣਾਲੀ ਏ। ਉਨ੍ਹਾਂ ਪੰਜਾਬ ਐਨਰਜੀ ਡਿਵੈਲਪਮੈਂਟ ਅਥਾਰਟੀ

(ਪੇਡਾ) ਦੇ ਅਧਿਕਾਰੀਆਂ ਨੂੰ ਕਿਸਾਨਾਂ ਦੀ ਭਲਾਈ ਤੇ ਵਾਤਾਵਰਣ ਦੀ ਭਲਾਈ ਲਈ ਸੂਬੇ ਵਿਚ 20,000 ਖੇਤੀ ਸੋਲਰ ਪੰਪ ਲਗਾਉਣ ਦੇ ਮਿੱਥੇ ਟੀਚੇ ਨੂੰ ਪ੍ਰਾਪਤ ਕਰਨ ਲਈ ਹਰ ਸੰਭਵ ਯਤਨ ਕਰਨ ਦੇ ਨਿਰਦੇਸ਼ ਦਿੱਤੇ ਨੇ।

-----------------------------------------------------

ਪੰਜਾਬ ਪੁਲਿਸ ਨੇ ਤਰਨ ਤਾਰਨ ਦੇ ਵਲਟੋਹਾ ਵਿਖੇ ਇਕ ਸੰਖੇਪ ਮੁਕਾਬਲੇ ਤੋਂ ਬਾਅਦ ਵਿਦੇਸ਼ੀ ਮੂਲ ਦੇ ਗੈਂਗਸਟਰ ਪ੍ਰਭਦੀਪ ਸਿੰਘ ਉਰਫ਼ ਪ੍ਰਭ ਦਾਸੂਵਾਲ ਦੇ 2 ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਇਸ ਸਬੰਧੀ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਦੀ ਪਛਾਣ ਕਰਨਪ੍ਰੀਤ ਸਿੰਘ ਵਾਸੀ ਪਿੰਡ ਤੂਤ ਤੇ ਗੁਰਲਾਲਜੀਤ ਸਿੰਘ ਪਿੰਡ ਭੰਗਾਲਾ (ਤਰਨ ਤਾਰਨ) ਵਜੋਂ ਹੋਈ ਏ । ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ’ਚੋਂ ਇਕ .32 ਬੋਰ ਦਾ ਪਿਸਤੌਲ, ਜਿੰਦਾ ਕਾਰਤੂਸ ਤੇ ਕਾਰਤੂਸਾਂ ਦੇ ਖਾਲੀ ਖੋਲ ਬਰਾਮਦ ਕੀਤੇ ਨੇ । ਓਧਰ ਫਰੀਦਕੋਟ ‘ਚ ਬੀਤੀ ਰਾਤ ਨੂੰ ਪੁਲਿਸ ਤੇ ਗੈਂਗਸਟਰਾਂ ਵਿਚਾਲੇ ਮੁਕਾਬਲਾ ਦੋਰਾਨ ਬੰਬੀਹਾ ਗੈਂਗ ਦੇ ਦੋ ਬਦਮਾਸ਼ ਕਾਬੂ ਕੀਤੇ ਗਏ।

ਕਰਾਸ ਫਾਇਰਿੰਗ ‘ਚ ਦੋਵੇਂ ਜ਼ਖਮੀ ਹੋ ਗਏ। ਇਨ੍ਹਾਂ ਕੋਲੋਂ ਦੋ ਪਿਸਤੌਲ, 6 ਕਾਰਤੂਸ ਤੇ 1 ਫਾਰਚੂਨਰ ਕਾਰ ਬਰਾਮਦ ਹੋਈ ਏ । ਮੁਲਜ਼ਮਾਂ ਦੀ ਪਛਾਣ ਹਰਮਨਦੀਪ ਸਿੰਘ ਪਿੰਡ ਬਹਿਬਲ ਕਲਾਂ ਜ਼ਿਲ੍ਹਾ ਫ਼ਰੀਦਕੋਟ ਤੇ ਸੁਖਜੀਤ ਸਿੰਘ ਵਾਸੀ ਪਿੰਡ ਰੋਮਾਣਾ ਅਲਬੇਲ ਸਿੰਘ ਵਜੋਂ ਹੋਈ ਏ । ਪੁਲਿਸ ਅਨੁਸਾਰ ਇਹ ਬੰਬੀਹਾ ਗੈਂਗ ਦੇ ਮਸ਼ਹੂਰ ਗੈਂਗਸਟਰ ਸਿੰਮਾ ਬਹਿਬਲ ਦੇ ਸਾਥੀ ਨੇ ਤੇ ਡਰਾ ਧਮਕਾ ਕੇ ਫਿਰੌਤੀਆਂ ਵਸੂਲਦੇ ਰਹੇ ਨੇ ।

---------------------------------------------------------------

ਪੰਜਾਬ ਵਿਜੀਲੈਂਸ ਬਿਓਰੋ ਨੇ ਵਸੀਕਾ ਨਵੀਸ਼ ਰਾਜ ਕੁਮਾਰ ਨੂੰ ਤਹਿਸੀਲਦਾਰ ਗਿੱਦੜਬਾਹਾ ਦੇ ਨਾਂ ਤੇ 11 ਹਜ਼ਾਰ ਰੁਪਏ ਬਤੌਰ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਗ੍ਰਿਫਤਾਰ ਕੀਤਾ ਏ । ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਏ ਕਿ ਉਕਤ ਮੁਲਜ਼ਮ ਨੂੰ ਗੁਰਦੀਪ ਸਿੰਘ ਵਾਸੀ ਸਰਾਭਾ ਨਗਰ ਮਲੋਟ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਸ਼ਿਕਾਇਤ ਤੇ ਗਿਰਫ਼ਤਰ ਕੀਤਾ ਗਿਆ ਏ।ਇਸ ਸਬੰਧੀ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਏ

---

ਮੌਸਮ ਵਿਭਾਗ ਨੇ ਪੰਜਾਬ ਲਈ ਸੰਘਣੀ ਧੁੰਦ ਦਾ ਔਰੇਂਜ ਅਲਰਟ ਜਾਰੀ ਕੀਤਾ ਏ, ਜਿਸ ਨਾਲ ਰੇਲ ਤੇ ਹਵਾਈ ਆਵਾਜਾਈ ਦੇ ਨਾਲ-ਨਾਲ ਆਮ ਜਨਜੀਵਨ ਹੋਰ ਪਰਭਾਵਿਤ ਹੋ ਸਕਦਾ ਏ। ਪਿਛਲੇ 24 ਘੰਟਿਆਂ ਵਿਚ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 2.7 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ । ਇਹ ਆਮ ਤਾਪਮਾਨ ਤੋਂ 3.1 ਡਿਗਰੀ ਘਟ ਗਿਆ ਏ। ਦੂਜੇ ਪਾਸੇ ਪੰਜਾਬ ਵਿਚ ਸਭ ਤੋਂ ਘੱਟ ਤਾਪਮਾਨ ਸੰਗਰੂਰ ਦਾ 3 ਡਿਗਰੀ ਦਰਜ ਕੀਤਾ ਗਿਆ ਏ । 9 ਜਨਵਰੀ ਦੀ ਰਾਤ ਤੋਂ ਮੀਂਹ ਪੈਣ ਦੀ ਸੰਭਾਵਨਾ ਏ।